Dispatch No .I/20106/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ
- ਨੋਡਲ ਅਫਸਰ ਸ੍ਰੀ ਨੀਲ ਕੰਠ ਐਸ ਅਵਧ ਅਤੇ ਡਿਪਟੀ ਕਮਿਸ਼ਨਰ ਵੱਲੋਂ ਖਰੀਦ ਪ੍ਰਬੰਧਾਂ ਦੇ ਜਾਇਜੇ ਲਈ ਜ਼ਿਲ੍ਹੇ ਦੀਆਂ ਮੰਡੀਆਂ ਦਾ ਦੌਰਾ
- ਕਿਸਾਨਾਂ,ਆੜਤੀਆਂ, ਲੇਬਰ ਨਾਲ ਕੀਤੀ ਗੱਲਬਾਤ
- ਮੰਡੀਆਂ ਵਿਚ ਹਾਜ਼ਰ ਸਮੂਹ ਲੋਕਾਂ ਨੂੰ ਸਮਾਜਿਕ ਦੂਰੀ ਅਤੇ ਮਾਸਕ ਪਹਿਨਣ ਦੀ ਅਪੀਲ
- ਜਿਲ੍ਹੇ ਦੀਆਂ ਮੰਡੀਆਂ ਵਿੱਚ ਕੱਲ ਸ਼ਾਮ ਤੱਕ 221956 ਮੀਟਰਕ ਟਨ ਕਣਕ ਦੀ ਆਮਦ ਹੋਈ :ਕੁਮਾਰ ਸੌਰਭ ਰਾਜ

ਫਰੀਦਕੋਟ 24 ਅਪ੍ਰੈਲ ( ) ਪੰਜਾਬ ਸਰਕਾਰ ਵੱਲੋਂ ਫਰੀਦਕੋਟ, ਬਠਿੰਡਾ ਅਤੇ ਮੁਕਤਸਰ ਜ਼ਿਲਿਆਂ ਵਿਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਨਿਯੁਕਤ ਨੋਡਲ ਅਫਸਰ ਸ੍ਰੀ ਨੀਲ ਕੰਠ ਐਸ ਅਵਧ ਆਈ ਏ ਐਸ, ਐਮ ਡੀ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋ ਅੱਜ ਫਰੀਦਕੋਟ ਜ਼ਿਲ੍ਹੇ ਦੀਆਂ ਕੋਟਕਪੂਰਾ, ਸਾਦਿਕ, ਰੋਮਾਣਾ ਅਜੀਤ ਸਿੰਘ ਅਤੇ ਖਾਰਾ ਸਮੇਤ ਕਈ ਖਰੀਦ ਕੇਂਦਰਾਂ ਦਾ ਦੌਰਾ ਕੀਤਾ ਅਤੇ ਇਨ੍ਹਾਂ ਮੰਡੀਆਂ ਵਿਚ ਚੱਲ ਰਹੇ ਖਰੀਦ ਪ੍ਰਬੰਧਾਂ ਸਬੰਧੀ ਜਾਇਜਾ ਲਿਆ ਗਿਆ। ਇਸ ਸਮੇਂ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਖਰੀਦ ਏਜੰਸੀਆਂ ਦੇ ਅਧਿਕਾਰੀ ਤੇ ਸਬੰਧਤ ਐਸ ਡੀ ਐਮ ਵੀ ਹਾਜ਼ਰ ਸਨ।
ਸ੍ਰੀ ਨੀਲ ਕੰਠ ਐਸ ਅਵਧ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਕਣਕ ਦੀ ਖਰੀਦ ਸਬੰਧੀ ਢੁਕਵੇਂ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਲਈ ਜੋ ਪਾਸ ਸਿਸਟਮ ਸੁਰੂ ਕੀਤਾ ਗਿਆ ਹੈ ਇਸ ਦੀ ਕਿਸਾਨਾਂ ਵੱਲੋਂ ਤਰੀਫ ਕੀਤੀ ਗਈ ਹੈ ।ਉਨ੍ਹਾਂ ਇਸ ਮੌਕੇ ਮੰਡੀਆਂ ਵਿਚ ਹਾਜ਼ਰ ਕਿਸਾਨਾਂ, ਆੜਤੀਆਂ ਅਤੇ ਲੇਬਰ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਮੰਡੀਆਂ ਵਿਚ ਕਣਕ ਦੀ ਆਮਦ, ਖਰੀਦ ਤੇ ਸਾਫ ਸਫਾਈ ਤੋਂ ਇਲਾਵਾ ਮੰਡੀ ਬੋਰਡ ਵੱਲੋਂ ਕੀਤੇ ਗਏ ਪ੍ਰਬੰਧਾਂ ਸਬੰਧੀ ਵੀ ਜਾਣਕਾਰੀ ਹਾਸਲ ਕੀਤੀ।ਸ੍ਰੀ ਨੀਲ ਕੰਠ ਨੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਰੋਨਾ ਵਰਗੀ ਭਿਆਨਕ ਮਹਾਂਮਾਰੀ ਤੋਂ ਬਚਣ ਲਈ ਮੰਡੀਆਂ ਵਿਚ, ਖੇਤਾਂ ਵਿਚ ਸਮਾਜਿਕ ਦੂਰੀ ਬਣਾ ਕੇ ਰੱਖਣ ਅਤੇ ਸਮੇਂ ਸਮੇਂ ਤੇ ਹੱਥ ਮੂੰਹ ਧੋਂਦੇ ਰਹਿਣ। ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਉਹ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੂੰਹ ਤੇ ਮਾਸਕ ਜਾਂ ਕੱਪੜਾ ਪਾ ਕੇ ਜਰੂਰ ਰੱਖਣ।ਇਸ ਮੌਕੇ ਉਨ੍ਹਾਂ ਨੇ ਜਿਲ੍ਹੇ ਵਿਚ ਖਰੀਦ ਪ੍ਰਬੰਧਾਂ ਤੇ ਤਸੱਲੀ ਪ੍ਰਗਟ ਕੀਤੀ।
ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਕੱਲ ਸ਼ਾਮ ਤੱਕ 221956 ਮੀਟਰਕ ਟਨ ਕਣਕ ਦੀ ਆਮਦ ਹੋਈ ਹੈ ਜਿਸ ਵਿਚੋਂ ਖਰੀਦ ਏਜੰਸੀਆਂ ਵੱਲੋਂ 203880 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗ੍ਰੇਨ ਵੱਲੋਂ 65828 ਮੀਟਰਕ ਟਨ, ਮਾਰਕਫੈੱਡ ਵੱਲੋਂ 52958 ਮੀਟਰਕ ਟਨ,ਪਨਸਪ ਵੱਲੋਂ 47425 ਮੀਟਰਕ ਟਨ ,ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 25787 ਮੀਟਰਿਕ ਟਨ ਅਤੇ ਐਫ ਸੀ ਆਈ ਵੱਲੋਂ 11882 ਮੀਟਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਹੈ ।
ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਮੰਡੀ ਬੋਰਡ ਵੱਲੋਂ ਛਾਂ, ਰੌਸ਼ਨੀ, ਕਿਸਾਨਾਂ ਲਈ ਪੀਣ ਵਾਲੇ ਪਾਣੀ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਸਬੰਧੀ ਵਿਸੇਸ ਪ੍ਰਬੰਧ ਕੀਤੇ ਗਏ ਹਨ ਇਸ ਤੋਂ ਇਲਾਵਾ ਸਮੇਂ ਸਮੇਂ ਤੇ ਮੰਡੀਆਂ ਨੂੰ ਸੈਨੇਟਾਈਜ਼ ਵੀ ਕੀਤਾ ਜਾ ਰਿਹਾ ਹੈ ਤਾਂ ਜੋ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ।
ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ ਪ੍ਰੀਤ ਮਹਿੰਦਰ ਸਿੰਘ ਸਹੋਤਾ,ਐਸ ਡੀ ਐਮ ਫਰੀਦਕੋਟ ਸ ਪਰਮਦੀਪ ਸਿੰਘ, ਐਸ ਡੀ ਐਮ ਕੋਟਕਪੂਰਾ ਸ੍ਰੀ ਅਮਿਤ ਸਰੀਨ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਜਸਪ੍ਰੀਤ ਸਿੰਘ ਕਾਹਲੋ, ਡਿਪਟੀ ਜ਼ਿਲ੍ਹਾ ਮੰਡੀ ਅਫਸਰ ਸ੍ਰੀ ਗੌਰਵ ਗਰਗ ਤੋਂ ਇਲਾਵਾ ਵੱਖ ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।

ਕੈਪਸ਼ਨ ਫੋਟੋ: ਸਾਦਿਕ ਦਾਣਾ ਮੰਡੀ ਵਿਖੇ ਐਮ ਡੀ ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ ਸ੍ਰੀ ਨੀਲ ਕੰਠ ਐਸ ਅਵਧ ਕਣਕ ਦੀ ਖਰੀਦ ਸਬੰਧੀ ਜਾਣਕਾਰੀ ਹਾਸਿਲ ਕਰਦੇ ਹੋਏ (ਨਾਲ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ)
ਖਰੀਦੀ ਗਈ ਕਣਕ ਸਬੰਧੀ ਦਿਸ਼ਾ ਨਿਰਦੇਸ਼ ਜਾਰੀ ਕਰਦੇ ਹੋਏ ਐਮ ਡੀ ਸ੍ਰੀ ਨੀਲ ਕੰਠ ਐਸ ਅਵਧ (ਨਾਲ ਡਿਪਟੀ ਕਮਿਸ਼ਨਰ

ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ)
ਸਾਦਿਕ ਦਾਣਾ ਮੰਡੀ ਵਿਖੇ ਕਣਕ ਦੀ ਤੁਲਾਈ ਦੇ ਕੰਮ ਦਾ ਨਿਰੀਖਣ ਕਰਦੇ ਹੋਏ ਐਮ ਡੀ  ਸ੍ਰੀ ਨੀਲ ਕੰਠ ਐਸ
ਅਵਧ
(ਨਾਲ ਡਿਪਟੀ ਕਮਿਸ਼ਨਰ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ)

**Dispatch No. :** I/20113/2020

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਕਣਕ ਦੇ ਸੀਜਨ ਦੌਰਾਨ ਕਿਸਾਨਾਂ ਮਜ਼ਦੂਰਾਂ ਅਤੇ ਆਮ ਲੋਕਾਂ ਨੂੰ ਵੰਡੇ ਜਾਣਗੇ 15000 ਕੱਪੜੇ ਦੇ ਤਿਆਰ ਕੀਤੇ ਹੋਏ ਮਾਸਕ- ਏ.ਡੀ.ਸੀ

ਫਰੀਦਕੋਟ 24 ਅਪ੍ਰੈਲ 2020 (  ) ਕੈਬਿਨਟ ਮੰਤਰੀ ਪੇਡੂ ਵਿਕਾਸ ਤੇ ਪੰਚਾਇਤੀ ਰਾਜ ਸ੍ਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਅਤੇ ਸ੍ਰੀਮਤੀ ਸੀਮਾ ਜੈਨ, ਵਿੱਤੀ ਕਮਿਸ਼ਨਰ  ਪੰਜਾਬ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਨਾਗਰਿਕਾਂ ਨੂੰ ਕਰੋਨਾ ਵਾਇਰਸ (ਕੋਵਿਡ-19) ਮਹਾਮਾਰੀ ਤੋਂ ਬਚਾਉਣ ਅਤੇ ਇਸ ਦੇ ਫੈਲਾਅ ਨੂੰ ਰੋਕਣ ਲਈ ਹਰ ਸਮੇਂ ਮੂੰਹ ਉੱਪਰ ਮਾਸਕ ਬੰਨਣ ਅਤੇ ਪੰਜਾਬ ਰਾਜ ਵਿੱਚ ਲਗਾਏ ਕਰਫਿਊ ਦੀ ਪਾਲਣਾ ਕਰਨ ਦੀ ਸਖਤ ਹਦਾਇਤ ਕੀਤੀ ਗਈ ਹੈ। ਸ੍ਰੀ ਕੁਮਾਰ ਸੋਰਭ ਰਾਜ, ਡਿਪਟੀ ਕਮਿਸ਼ਨਰ ਫਰੀਦਕੋਟ ਦੀ ਰਹਿਨਮਾਈ ਹੈ ਸ੍ਰੀ ਪ੍ਰੀਤਮਹਿੰਦਰ ਸਿੰਘ ਸਹੋਤਾ, ਵਧੀਕ ਡਿਪਟੀ ਕਮਿਸ਼ਨਰ (ਵਿ) ਫਰੀਦਕੋਟ ਵੱਲੋਂ ਐਨ.ਆਰ.ਐਲ.ਐਮ ਸਕੀਮ ਤਹਿਤ ਸੈਲਫ ਹੈਲਪ ਗਰੁੱਪ ਦੇ ਮੈਂਬਰਾਂ ਕੋਲੋਂ ਮਾਸਕ ਬਣਵਾਏ ਜਾ ਰਹੇ ਹਨ। ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਰੋਨਾ (ਕੋਵਿਡ-19) ਮਹਾਂਮਾਰੀ ਅਤੇ ਕਣਕ ਦੇ ਸੀਜਨ ਨੂੰ ਮੁੱਖ ਰੱਖਦੇ ਹੋਏ 15000 ਮਾਸਕ ਤਿਆਰ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਅੱਜ ਜਿਲਾ ਪ੍ਰੀਸ਼ਦ ਦਫਤਰ ਵਿਖੇ ਬਲਾਕ ਵਿਕਾਸ ਅਤੇ ਪੰਚਾਇਤ ਵਿਭਾਗ, ਫਰੀਦਕੋਟ ਨੂੰ 5000 ਮਾਸਕ ਦਿੱਤੇ ਗਏ ਹਨ, ਜੋ ਕਿ ਫਰੀਦਕੋਟ ਬਲਾਕ ਦੇ ਪਿੰਡਾਂ ਵਿੱਚ ਪੰਚਾ/ਸਰਪੰਚਾਂ ਰਾਹੀਂ ਕਿਸਾਨਾਂ, ਮਜਦੂਰਾਂ ਅਤੇ ਆਮ ਨਾਗਰਿਕਾਂ ਵਿੱਚ ਵੰਡੇ ਜਾਣਗੇ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਅਤਿ ਜ਼ਰੂਰੀ ਹੈ ਕਿ ਮੋਬਾਇਲ ਫੋਨ ਅਤੇ ਐਨਕਾਂ ਨੂੰ ਗਰਮ ਸਾਬਣ ਵਾਲੇ ਪਾਣੀ ਦੀ ਸਪਰੇਅ ਜਾਂ ਅਲਕੋਹਲ ਨਾਲ ਰੋਗਾਣੂ-ਮੁਕਤ ਕੀਤਾ ਜਾਵੇ ਅਤੇ ਇਸ ਤੋਂ ਇਲਾਵਾ ਬਾਹਰੋਂ ਲਿਆਂਦੀ ਕਿਸੇ ਵੀ ਵਸਤੂ ਨੂੰ ਚੰਗੀ ਤਰਾਂ ਰੋਗਾਣੂ-ਮੁਕਤ ਕਰਨ ਤੋਂ ਬਾਅਦ ਹੀ ਘਰ ਅੰਦਰ ਲਿਆਂਦਾ ਜਾਵੇ ਜਿਸ ਉਪਰੰਤ ਫਿਰ ਇਕ ਵਾਰ ਹੱਥਾਂ ਨੂੰ ਸਹੀ ਤਰੀਕੇ ਨਾਲ ਸਾਫ ਕੀਤਾ ਜਾਵੇ। ਹਰ ਚੀਜ ਨੂੰ ਰੋਗਾਣੂਮੁਕਤ ਕਰਨਾ ਸੰਭਵ ਨਹੀਂ ਹੈ ਪਰ ਅਸੀਂ ਇਨਾਂ ਹਦਾਇਤਾਂ ਦੀ ਪਾਲਣਾ ਕਰਕੇ ਕੋਰੋਨਾ ਦੇ ਖਤਰੇ ਨੂੰ ਘਟਾ ਸਕਦੇ ਹਾਂ ਅਤੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਵੀ ਰੱਖ ਸਕਦੇ ਹਾਂ। ਉਨਾਂ ਲੋਕਾਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਘਰ ਰਹੋ ਸੁਰੱਖਿਅਤ ਰਹੋ ਦੀ ਅਪੀਲ ਵੀ ਕੀਤੀ।

Dispatch No. I/20152/2020

ਜ਼ਿਲ•ਾ ਲੋਕ ਸੰਪਰਕ ਅਫਸਰ, ਫਰੀਦਕੋਟ

ਬਿਹਾਰ ਤੇ ਮੱਧ ਪ੍ਰਦੇਸ਼ ਸਰਕਾਰ ਦੇ ਪੰਜਾਬ ਸਮੇਤ ਦੂਜੇ ਰਾਜਾਂ ਵਿਚ ਫਸੇ ਲੋਕ ਸਹਾਇਤਾ ਲਈ ਆਨ ਲਾਈਨ ਅਪਲਾਈ ਕਰਨ

ਜਿਆਦਾ ਜਾਣਕਾਰੀ ਲਈ ਹੇਠਾਂ ਦਿੱਤੇ ਲਿੰਕ ਜਾਂ ਹੈਲਪ ਲਾਈਨ ਨੰਬਰਾਂ ਤੇ ਸੰਪਰਕ ਵੀ ਕੀਤਾ ਜਾ ਸਕਦਾ ਹੈ

ਫਰੀਦਕੋਟ 24 ਅਪ੍ਰੈਲ,2020 ( ) ਬਿਹਾਰ ਅਤੇ ਮੱਧ ਪ੍ਰਦੇਸ਼ ਸਰਕਾਰ ਵੱਲੋਂ ਲਾਕਡਾਊਨ ਦੌਰਾਨ ਪੰਜਾਬ ਸਮੇਤ ਦੂਜੇ ਰਾਜਾਂ ਵਿਚ ਫਸੇ ਮਜ਼ਦੂਰਾਂ ਅਤੇ ਲੋੜਵੰਦਾਂ ਦੇ ਬੈਂਕ ਖਾਤੇ ਵਿੱਚ ਪ੍ਰਤੀ ਪਰਿਵਾਰ 1000 ਰੁਪਏ ਦੀ ਦਰ ਨਾਲ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਫੰਡ ਤਬਦੀਲ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਬਿਹਾਰ ਸਰਕਾਰ ਵੱਲੋਂ ਇਸ ਸੰਬੰਧੀ ਲਿੰਕ www.aapda.bih.nic.in 'ਤੇ ਦਿੱਤਾ ਗਿਆ ਹੈ, ਜਿਸ ਰਾਹੀਂ ਲਾਭਪਾਤਰੀ ਆਪਣੇ ਆਪ ਨੂੰ ਰਜਿਸਟਰ ਕਰਵਾਉਣ ਦੇ ਯੋਗ ਹੋਣਗੇ।ਇਹ ਯੋਜਨਾ ਸਿਰਫ ਉਨ•ਾਂ ਲਈ ਹੈ ਜੋ ਬਿਹਾਰ ਅਤੇ ਮੱਧ ਪ੍ਰਦੇਸ਼ ਦੇ ਵਸਨੀਕ ਹਨ ਅਤੇ ਕੋਰੋਨਾ ਵਾਇਰਸ ਕਾਰਨ ਐਲਾਨੀ ਗਈ ਤਾਲਾਬੰਦੀ ਕਾਰਨ ਦੂਜੇ ਰਾਜਾਂ ਵਿੱਚ ਫਸੇ ਹੋਏ ਹਨ।

ਉਨ•ਾਂ ਦੱਸਿਆ ਕਿ ਰਜਿਸਟਰੀਕਰਣ ਲਈ ਲੋੜੀਂਦੇ ਦਸਤਾਵੇਜ਼ ਇਹ ਹਨ:1. ਲਾਭਪਾਤਰੀ ਦੇ ਆਧਾਰ ਕਾਰਡ ਦੀ ਕਾੱਪੀ 2. ਲਾਭਪਾਤਰੀ ਦੇ ਨਾਮ ਤੇ ਬੈਂਕ ਖਾਤਾ ਜੋ ਬਿਹਾਰ ਰਾਜ ਵਿੱਚ ਸਥਿਤ ਇੱਕ ਬੈਂਕ ਦੀ ਸ਼ਾਖਾ ਵਿੱਚ ਹੈ.

ਹੋਰ ਮਹੱਤਵਪੂਰਨ ਨੁਕਤੇ: 1. ਲਾਭਪਾਤਰੀ ਦੀ ਫੋਟੋ (ਸੈਲਫੀ) ਦਾ ਅਧਾਰ ਡੇਟਾਬੇਸ ਵਿਚਲੀ ਫੋਟੋ ਨਾਲ ਮੇਲ ਕੀਤਾ ਜਾਵੇਗਾ, ਇਸ ਲਈ ਆਧਾਰ ਦੀ ਫੋਟੋ, ਇਹ ਸੁਨਿਸ਼ਚਿਤ ਕਰੋ ਕਿ ਫੋਟੋ ਸਾਫ ਹੈ. 2. ਇਕ ਆਧਾਰ ਨੰਬਰ ਨਾਲ ਜੁੜੇ ਸਿਰਫ ਇਕ ਵਾਰ ਰਜਿਸਟਡ ਹੋਣਗੇ 3. ਮੋਬਾਈਲ ਨੰਬਰ 'ਤੇ ਪ੍ਰਾਪਤ ਓਟੀਪੀ ਦੀ ਵਰਤੋਂ ਮੋਬਾਈਲ ਐਪ' ਤੇ ਕੀਤੀ ਜਾਣੀ ਹੈ. 4. ਇਸ ਨਾਲ ਜੁੜੀ ਸਹਾਇਤਾ ਸਿਰਫ ਬੈਂਕ ਖਾਤੇ 'ਚ ਭੇਜੀ ਜਾਏਗੀ.

ਉਨ•ਾਂ ਅੱਗੇ ਦੱਸਿਆ ਕਿ ਬਿਹਾਰ ਭਵਨ, ਨਵੀਂ ਦਿੱਲੀ ਵਿਖੇ ਹੈਲਪਲਾਈਨ ਨੰਬਰ ਹਨ 3 ਹੈਲਪਲਾਈਨ ਨੰ: - 011-23792009, 23014326, 23013884 ਪਟਨਾ ਕੰਟਰੋਲ ਰੂਮ ਦੇ ਨੰਬਰ-0612-2294204, 2294205 ਐਪ ਨੂੰ ਬਿਹਾਰ ਸਰਕਾਰ ਨੇ 01.04.2019 ਨੂੰ ਲਾਂਚ ਕੀਤਾ ਸੀ। ਹੁਣ ਤੱਕ 20.81 ਲੱਖ ਲੋਕਾਂ ਵਿੱਚੋਂ ਬਿਹਾਰ ਤੋਂ ਬਾਹਰ ਫਸੇ 12.78 ਲੱਖ ਲੋਕਾਂ ਨੂੰ ਰਜਿਸਟਰਡ ਕੀਤਾ ਹੈ ਅਤੇ ਭੁਗਤਾਨ ਕੀਤਾ ਹੈ।

ਇਸੇ ਤਰ•ਾਂ ਮੱਧ ਪ੍ਰਦੇਸ਼ ਰਾਜ ਦੇ ਵਾਸੀ ਫੋਨ ਨੰਬਰ 0755-2411180 ਉਤੇ ਫੋਨ ਕਰਕੇ ਕਿਸੇ ਵੀ ਤਰ•ਾਂ ਦੀ ਸਹਾਇਤਾਂ ਪ੍ਰਾਪਤ ਕਰ ਸਕਦੇ ਹਨ।

Dispatch No I/19908/2020

---

ਜ਼ਿਲ•ਾ ਲੋਕ ਸੰਪਰਕ ਅਫਸਰ, ਫਰੀਦਕੋਟ

ਭਾਰਤ ਸਰਕਾਰ ਵੱਲੋਂ ਨਹੀਂ ਕੀਤੀ ਜਾਵੇਗੀ ਵੱਧ ਸਮਾਂ ਅਤੇ ਵਧੇਰੇ ਪਾਣੀ ਲੈਣ ਵਾਲੀ ਕਿਸਮ ਪੂਸਾ-44 ਦੀ ਖਰੀਦ- ਪੰਨੂ,

ਕਿਸਾਨਾ ਨੂੰ ਪੂਸਾ 44 ਨਾ ਬੀਜਣ ਦੀ ਅਪੀਲ

ਕਿਸਾਨਾਂ ਨੂੰ ਮੱਕੀ, ਨਰਮਾ ਬੀਜਣ ਦੀ ਸਲਾਹ

ਫਰੀਦਕੋਟ 24 ਅਪ੍ਰੈਲ 2020 ( ) ਡਾ. ਕਾਹਨ ਸਿੰਘ ਪੰਨੂ, ਸੀਨੀਅਰ (ਆਈ.ਏ.ਐਸ), ਸਕੱਤਰ ਖੇਤੀਬਾੜੀ, ਪੰਜਾਬ, ਵੱਲੋਂ ਕਿਸਾਨਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਭਾਰਤ ਸਰਕਾਰ ਵੱਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਅਨੁਸਾਰ ਝੋਨੇ ਦੀ ਪੂਸਾ-44 ਕਿਸਮ ਜੋ ਕਿ ਪੱਕਣ ਲਈ ਵੱਧ ਸਮਾਂ ਲੈਂਦੀ ਅਤੇ ਜਮੀਨ ਹੇਠਲੇ ਪਾਣੀ ਦੀ ਵੱਧ ਖਪਤ ਕਰਦੀ ਹੈ ਦੀ ਖਰੀਦ ਤੇ ਪੂਰਨ ਤੌਰ ਤੇ ਪਾਬੰਦੀ ਲਾ ਦਿੱਤੀ ਗਈ ਹੈ। ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵੱਲੋ ਝੋਨੇ ਦੀਆਂ ਪ੍ਰਮਾਣਿਤ ਘੱਟ ਸਮਾਂ ਅਤੇ ਵੱਧ ਝਾੜ ਲੈਣ ਵਾਲੀਆਂ ਕਿਸਮਾਂ ਹੀ ਬੀਜੀਆਂ ਜਾਣ ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਵਿੱਚ ਕਿਸੇ ਤਰ•ਾਂ ਦੀ ਕੋਈ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਸਕੱਤਰ ਖੇਤੀਬਾੜੀ, ਪੰਜਾਬ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਕੁਦਰਤੀ ਸੋਮਿਆਂ ਨੂੰ ਬਚਾਉਣ ਲਈ ਫਸਲੀ ਵਿਭਿੰਨਤਾ ਨੂੰ ਅਪਨਾਇਆ ਜਾਵੇ ਅਤੇ ਵੱਧ ਤੋਂ ਵੱਧ ਰਕਬਾ ਨਰਮਾ/ ਕਪਾਹ ਅਤੇ ਮੱਕੀ ਦੀ ਕਾਸ਼ਤ ਹੇਠ ਲਿਆਂਦਾ ਜਾਵੇ। ਉਹਨਾਂ ਨੇ ਕਿਹਾ ਕਿ ਝੋਨੇ ਦੀ ਬਿਜਾਈ ਲਈ ਮਸ਼ੀਨਾਂ ਦੀ ਵਰਤੋਂ ਕੀਤੀ ਜਾਵੇ ਤਾਂ ਜੋ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਹੋਰ ਹੇਠਾਂ ਡਿੱਗਣ ਤੋਂ ਬਚਾਇਆ ਜਾ ਸਕੇ ਅਤੇ ਬਿਜਾਈ ਦੌਰਾਨ ਆਉਣ ਵਾਲੀ ਲੇਬਰ ਦੀ ਸਮੱਸਿਆ ਨਾਲ ਨਜਿੱਠਿਆ ਜਾ ਸਕੇ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਫਰੀਦਕੋਟ ਵੱਲੋਂ ਸਾਉਣੀ ਦੀਆ ਮੁੱਖ ਫਸਲਾਂ ਦੇ ਬੀਜਾਂ ਦਾ ਅਗੇਤਾ ਪ੍ਰਬੰਧ ਕਰ ਲਿਆ ਗਿਆ ਹੈ ਤਾਂ ਜੋ ਫਸਲ ਦੀ ਬਿਜਾਈ ਸਮੇਂ ਸਿਰ ਹੋ ਸਕੇ। ਮੁੱਖ ਖੇਤੀਬਾੜੀ ਅਫਸਰ ਫਰੀਦਕੋਟ ਡਾ. ਹਰਨੇਕ ਸਿੰਘ ਰੋਡੇ ਨੇ ਕਿਸਾਨਾਂ ਦੇ ਧਿਆਨ ਵਿੱਚ ਲਿਆਂਦਾ ਕਿ ਕੋਵਿਡ-19 ਦੇ ਚਲਦਿਆਂ ਲਾਕਡਾਊਨ ਦੌਰਾਨ ਕਿਸਾਨਾਂ ਤੱਕ ਪਹੁੰਚ ਕਰਨ ਲਈ ਪਿੰਡਾਂ ਵਿੱਚ ਤਕਨੀਕੀ ਜਾਣਕਾਰੀ ਦੇ ਪਰਚੇ ਅਤੇ ਹਰ ਪਿੰਡ ਵਿੱਚ ਨਰਮੇ ਅਤੇ ਮੱਕੀ ਦੀ ਬਿਜਾਈ ਵਾਲੇ ਫਲੈਕਸ ਬੈਨਰ ਲਗਾਏ ਜਾ ਰਹੇ ਹਨ ਤਾਂ ਜੋ ਕਿਸਾਨ ਕਿਸੇ ਕਿਸਮ ਦੀ ਮੁਸ਼ਕਿਲ ਵਿੱਚ ਆਪਣੇ ਨਜ਼ਦੀਕੀ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਸਾਧ ਸਕਣ।

ਉਹਨਾਂ ਨੇ ਕਿਸਾਨਾਂ ਨੂੰ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਵਾਲੀ ਮਸ਼ੀਨ, ਪੈਡੀ ਟਰਾਂਸਪਲਾਂਟਰ, ਮੇਜ਼ ਡਰਾਇਰ, ਮੇਜ਼ ਸ਼ੈਲਰ, ਫੌਰੇਜ

ਹਾਰਵੇਸਟਰ ਆਦਿ ਮਸ਼ੀਨਾਂ ਉੱਪਰ ਸਬਸਿਡੀ ਲੈਣ ਲਈ ਜ਼ਿਲ•ੇ ਦੇ ਖੇਤੀਬਾੜੀ ਅਧਿਕਾਰੀਆਂ ਨੂੰ ਸਾਦੇ ਕਾਗਜ਼ ਉੱਪਰ ਆਪਣੀਆਂ ਅਰਜੀਆਂ ਮੋਬਾਇਲ ਫੋਨ ਰਾਹੀਂ ਵੱਟਸ-ਅੱਪ ਉਪਰ ਭੇਜੀਆਂ ਜਾ ਸਕਦੀਆਂ ਹਨ।P

**Dispatch No. :** I/20168/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਕੋਵਿਡ-19 ਤਹਿਤ ਆਰ.ਟੀ.ਪੀ.ਸੀ.ਆਰ ਰਾਂਹੀ ਲਏ 61 ਵਿਅਕਤੀਆਂ ਦੇ ਸੈਂਪਲ
ਕੋਰੋਨਾ ਦਾ ਸ਼ੱਕ ਦੂਰ ਕਰਨ ਲਈ ਹੀ ਵਿਅਕਤੀਆਂ ਦੇ ਲਏ ਜਾ ਰਹੇ ਹਨ ਸੈਂਪਲ-ਡਾ.ਰਜਿੰਦਰ ਸਿਵਲ ਸਰਜਨ
ਫਰੀਦਕੋਟ, 24 ਅਪ੍ਰੈਲ 2020 ( ) ਸਿਹਤ ਮੰਤਰੀ ਪੰਜਾਬ ਸ.ਬਲਵੀਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਿਪਟੀ ਕਮਿਸ਼ਨਰ ਕੁਮਾਰ ਸੌਰਭ ਰਾਜ ਆਈ.ਏ.ਐਸ ਅਤੇ ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਦੀ ਯੋਗ ਅਗਵਾਈ ਹੇਠ ਜ਼ਿਲੇ ਅੰਦਰ ਕੋਵਿਡ-19 ਦੇ ਪਰਕੋਪ ਤੋਂ ਲੋਕਾਂ ਨੂੰ ਬਚਾਉਣ ਲਈ ਵੱਖ ਅਧਿਕਾਰੀ-ਕਰਮਚਾਰੀ ਅਤੇ ਅਰ.ਆਰ.ਟੀ ਟੀਮਾਂ ਕੰਮ ਕਰ ਰਹੀਆਂ ਹਨ।ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਪੰਜਾਬ ਵੱਲੋਂ ਨੋਵਲ ਕੋਰੋਨਾ ਵਾਇਰਸ ਦੀ ਚੇਨ ਤੋੜਨ,ਇਸ ਦੀ ਰੋਕਥਾਮ ਅਤੇ ਜਾਗਰੂਕਤਾ ਲਈ ਸੂਬੇ ਭਰ'ਚ ਹਰ ਸੰਭਵ ਉਪਰਾਲਾ ਕੀਤਾ ਜਾ ਰਿਹਾ ਹੈ।ਸਰਕਾਰ ਦੇ ਹੁਕਮਾਂ ਮੁਤਾਬਕ ਰੈਪਿਡ ਟੈਸਟ ਕਿੱਟਾਂ ਰਾਂਹੀ ਸੈਂਪਲਿੰਗ ਕਰਨੀ ਬੰਦ ਕਰਨ ਦੇ ਹੁਕਮ ਪ੍ਰਾਪਤ ਹੋਏ ਸਨ। ਹੁਣ ਸਰਕਾਰ ਵੱਲੋਂ ਪ੍ਰਾਪਤ ਹੋਈਆਂ ਨਵੀਆਂ ਹਦਾਇਤਾਂ ਅਨੁਸਾਰ ਕੋਵਿਡ-19 ਦੇ ਸੈਂਪਲ ਰੀਅਲ ਟਾਈਮ ਪੋਲੀਮੇਰੇਜ਼ ਚੇਨ ਪ੍ਰਤੀਕਿਰਿਆ ਢੰਗ ਨਾਲ ਲਏ ਜਾ ਰਹੇ ਹਨ।ਹੁਣ ਸੈਂਪਲ ਜ਼ਿਲ੍ਹੇ ਵਿਚ ਸਥਾਪਿਤ ਫਲੂ ਕਾਰਨਰ ਅਤੇ ਕਲਸਟਰ ਜਾਨ ਐਲਾਨੇ ਗਏ ਖੇਤਰ ਦੇ ਰਹਾਇਸ਼ੀ ਆਮ ਵਿਅਕਤੀਆਂ ਦੇ ਲਏ ਜਾਣਗੇ ਜਿੰਨਾਂ ਵਿਅਕਤੀਆਂ ਵਿੱਚ ਜ਼ੁਕਾਮ,ਖੰਘ,ਬੁਖਾਰ ਜਾਂ ਸਾਹ ਲੈਣ ਵਿਚ ਤਕਲੀਫ ਵਰਗੇ ਲੱਛਣ ਨਜ਼ਰ ਆਉਂਦੇ ਹਨ ਦਾ ਕੋਰੋਨਾ ਬਿਮਾਰੀ ਪ੍ਰਤੀ ਸ਼ੱਕ ਦੂਰ ਕਰਨ ਲਈ ਸੈਂਪਲਿੰਗ ਕੀਤੀ ਜਾ ਰਹੀ ਹੈ ਤਾਂ ਜੋ ਇਸ ਬਿਮਾਰੀ ਨੂੰ ਅੰਦਰ ਖਾਤੇ ਵੱਧਣ ਤੋਂ ਰੋਕਿਆ ਜਾ ਸਕੇ।ਸਿਵਲ ਸਰਜਨ ਡਾ.ਰਜਿੰਦਰ ਕੁਮਾਰ ਨੇ ਕਿਹਾ ਕਿ ਕਿਸੇ ਨੂੰ ਵੀ ਘਬਰਾਉਣ ਜਾਂ ਡਰਨ ਦੀ ਲੋੜ ਨਹੀ ਹੈ ਇਸ ਆਰ.ਟੀ.ਪੀ.ਸੀ.ਆਰ ਸੈਂਪਲਿੰਗ ਸਬੰਧੀ ਵਿਭਾਗ ਦੇ ਮੈਡੀਕਲ ਅਫਸਰ ਅਤੇ

ਲੈਬਾਰਟਰੀ ਟੈਕਨੀਸ਼ਅਨਾਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਗਈ ਹੈ ਅਤੇ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫਸਰਾਂ ਨੂੰ ਇਸ ਸਬੰਧੀ ਮੁਕੰਮਲ ਦਿਸ਼ਾ ਨਿਰਦੇਸ਼ ਵੀ ਭੇਜ ਦਿੱਤੇ ਗਏ ਹਨ।ਕੋਵਿਡ-19 ਦੇ ਜ਼ਿਲ੍ਹਾ ਨੋਡਲ ਅਫਸਰ ਡਾ.ਮਨਜੀਤ ਕ੍ਰਿਸ਼ਨ ਭੱਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਹਲੇ ਦਿਨ 30 ਵਿਅਕਤੀਆਂ ਦੇ ਸੈਂਪਲ ਇਕੱਤਰ ਕੀਤੇ ਗਏ ਸਨ ਜਦ ਕਿ ਦੂਸਰੇ ਦਿਨ ਇਹ ਗਿਣਤੀ ਵੱਧ ਕੇ 61 ਹੋ ਗਈ ਹੈ।ਹੁਣ 91 ਸੈਂਪਲਾਂ ਦੀ ਰਿਪੋਰਟ ਦੀ ਉਡੀਕ ਹੈ।

ਸੈਂਪਲ ਇਕੱਤਰ ਕਰਦੇ ਹੋਏ ਮਾਹਿਰ ਅਤੇ ਕੋਵਿਡ -19 ਅਧੀਨ ਸੈਂਪਲਿੰਗ ਸਬੰਧੀ